OFFICE OF THE SENIOR SUPERINTENDENT OF POLICE, FEROZEPUR

ਦਫਤਰ ਸੀਨੀਅਰ ਕਪਤਾਨ ਪੁਲਿਸ, ਫਿਰੋਜ਼ਪੁਰ।

(E-Mail: dpo.frz.police@punjab.gov.in)

# *PRESS NOTE*

## ਜਿਲਾ ਪੁਲਿਸ ਫਿਰੋਜ਼ਪੁਰ ਵੱਲੋਂ ਨਜ਼ਾਇਜ਼ ਸ਼ਰਾਬ ਖਿਲਾਫ ਸਰਹੱਦੀ ਖੇਤਰ ਵਿੱਚ ਚਲਾਏ ਗਏ ਸਪੈਸ਼ਲ ਆਪ੍ਰੇਸ਼ਨ ਦੋਰਾਨ 17000 ਲੀਟਰ ਲਾਹਣ ਅਤੇ 8 ਤਰਪਾਲਾਂ ਬਰਾਮਦ ਕੀਤੀਆਂ ਗਈਆਂ।

ਫਿਰੋਜ਼ਪੁਰ : 08-02-2023

ਸ੍ਰੀਮਤੀ ਕੰਵਰਦੀਪ ਕੌਰ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਫਿਰੋਜ਼ਪੁਰ ਜੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ ਪੰਜਾਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਅਤੇ ਨਸ਼ਾ ਤਸਕਰਾਂ ਤੇ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਲੜੀ ਵਿੱਚ ਮਿਤੀ 08-02-2023 ਨੂੰ ਜਿਲ੍ਹਾ ਪੁਲਿਸ ਦੁਆਰਾ ਗਜਟਿਡ ਅਧਿਕਾਰੀ ਸ੍ਰੀ ਗੁਰਮੀਤ ਸਿੰਘ, ਪੀ.ਪੀ.ਐਸ, ਕਪਤਾਨ ਪੁਲਿਸ (ਪੀ.ਬੀ.ਆਈ), ਫਿਰੋਜ਼ਪੁਰ, ਸ੍ਰੀ ਫਤਿਹ ਬਰਾੜ, ਪੀ.ਪੀ.ਐਸ, ਉਪ ਕਪਤਾਨ ਪੁਲਿਸ (ਡੀ) ਫਿਰੋਜ਼ਪੁਰ, ਸ੍ਰੀ ਜਗੀਰ ਸਿੰਘ, ਪੀ.ਪੀ.ਐਸ, ਉਪ ਕਪਤਾਨ ਪੁਲਿਸ (ਪੀ.ਬੀ.ਆਈ, ਸਪੈਸ਼ਲ ਕਰਾਇਮ) ਫਿਰੋਜ਼ਪੁਰ, ਇੰਚਾਰਜ ਸੀ.ਆਈ.ਏ, ਫਿਰੋਜ਼ਪੁਰ, ਮੁੱਖ ਅਫਸਰ ਥਾਣਾ ਸਦਰ ਫਿਰੋਜ਼ਪੁਰ ਸਮੇਤ ਹੋਰ ਕਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਬਣਾਕੇ ਬਾਰਡਰ ਏਰੀਆ ਦੇ ਪਿੰਡਾਂ ਵਿੱਚ ਕਸੀਦ ਕੀਤੀ ਜਾਣ ਵਾਲੀ ਨਜ਼ਾਇਜ਼ ਸ਼ਰਾਬ ਸਬੰਧੀ ਸ੍ਰੀ ਇੰਦਰਪਾਲ ਸਿੰਘ, ਇੰਸਪੈਕਟਰ ਆਬਕਾਰੀ ਵਿਭਾਗ, ਫਿਰੋਜ਼ਪੁਰ ਦੀ ਹਾਜ਼ਰੀ ਵਿੱਚ ਸਪੈਸ਼ਲ ਸਰਚ ਅਭਿਆਨ ਚਲਾਇਆ ਗਿਆ। ਇਸ ਸਰਚ ਅਪ੍ਰੇਸ਼ਨ ਦੌਰਾਨ ਸਤਲੁਜ਼ ਦਰਿਆ ਦੇ ਕੰਡੇ ਪਰ ਨੇੜੇ ਪਿੰਡ ਨਿਹਾਲਾ ਕਿਲਚਾ ਥਾਣਾ ਸਦਰ ਫਿਰੋਜ਼ਪੁਰ ਦੇ ਏਰੀਏ ਤੋਂ 08 ਮੋਮੀ ਤਲਪਾਲਾਂ ਵਿੱਚ ਪਾ ਕੇ ਦੱਬੀ ਹੋਈ 17000 ਲੀਟਰ ਲਾਹਣ ਬਰਾਮਦ ਕੀਤੀ ਗਈ, ਜਿਸ ਸਬੰਧੀ ਨਾਮਲੂਮ ਵਿਅਕਤੀਆਂ ਵਿਰੁੱਧ ਥਾਣਾ ਸਦਰ ਫਿਰੋਜ਼ਪੁਰ ਵਿਖੇ ਮੁਕੱਦਮਾਂ ਨੰਬਰ 26 ਮਿਤੀ 08-02-2023 ਅ/ਧ 61/1/14 ਆਬਕਾਰੀ ਐਕਟ ਥਾਣਾ ਸਦਰ ਫਿਰੋਜ਼ਪੁਰ ਦਰਜ਼ ਰਜਿਸਟਰ ਕੀਤਾ ਗਿਆ ਅਤੇ ਬਰਾਮਦ ਕੀਤੀ ਗਈ ਲਾਹਣ ਨੂੰ ਮੌਕਾ ਪਰ ਹੀ ਆਬਕਾਰੀ ਇੰਸਪੈਕਟਰ ਦੀ ਹਾਜਰੀ ਵਿੱਚ ਨਸ਼ਟ ਕੀਤਾ ਗਿਆ। ਉਕੱਤ ਮੁਕੱਦਮਾਂ ਦੀ ਗੰਭੀਰਤਾ ਨਾਲ ਤਫਤੀਸ਼ ਕਰਦੇ ਹੋਏ ਨਜਾਇਜ਼ ਸ਼ਰਾਬ ਕਸੀਦ ਕਰਨ ਦੇ ਧੰਦੇ ਵਿੱਚ ਲਿਪਤ ਦੋਸ਼ੀਆਂ ਨੂੰ ਜਲਦ ਹੀ ਟਰੇਸ ਕਰਕੇ ਅਗਲੇਰੀ ਕਾਰਵਾਈ ਲਈ ਕਾਨੂੰਨ ਦੇ ਸਪੁਰਦ ਕੀਤਾ ਜਾਵੇਗਾ।

| ਮੁਕੱਦਮਾਂ | ਬਰਾਮਦਗੀ |
|---|---|
| ਮੁਕੱਦਮਾਂ ਨੰਬਰ 26 ਮਿਤੀ 08-02-2023 ਅ/ਧ 61/1/14 ਆਬਕਾਰੀ ਐਕਟ ਥਾਣਾ ਸਦਰ ਫਿਰੋਜ਼ਪੁਰ | 17000 ਲੀਟਰ ਲਾਹਣ ਅਤੇ 08 ਮੋਮੀ ਤਲਪਾਲਾਂ |



